# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 09 ਮਈ 2026 ਦਿਨ ਸ਼ਨੀਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਐਨ ਸੀ ਸੀ 3 ਪੰਜਾਬ (ਲੜਕੀਆਂ) ਬਟਾਲੀਅਨ ਨੇ ਵੱਖ-ਵੱਖ ਸਿੱਖਿਆ ਸੰਸਥਾਵਾਂ ’ਚ “ਓਪਰੇਸ਼ਨ ਸਿੰਦੂਰ”ਦੀ ਪਹਿਲੀ ਵਰ੍ਹੇਗੰਢ ਮਨਾਈ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ, 09 ਮਈ : ਐਨ ਸੀ ਸੀ 3 ਪੰਜਾਬ (ਲੜਕੀਆਂ) ਬਟਾਲੀਅਨ, ਲੁਧਿਆਣਾ ਵੱਲੋਂ “ਓਪਰੇਸ਼ਨ ਸਿੰਦੂਰ” ਦੀ ਪਹਿਲੀ ਵਰ੍ਹੇਗੰਢ ਦੇ ਮੌਕੇ ‘ਤੇ ਵੱਖ-ਵੱਖ ਸਿੱਖਿਆ ਸੰਸਥਾਵਾਂ ਵਿੱਚ ਦੇਸ਼ਭਗਤੀ ਅਤੇ ਪ੍ਰੇਰਣਾਦਾਇਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ KGSSS, SHCS (SN), BVM Chandigarh Road ਅਤੇ BVM USN ਵਿੱਚ ਕਰਵਾਇਆ ਗਿਆ। ਇਨ੍ਹਾਂ ਸੰਸਥਾਵਾਂ ਦੇ ਐਨਸੀਸੀ ਕੈਡਿਟਾਂ ਨੇ ਭਾਰਤੀ ਸੈਨਿਕਾਂ ਦੀ ਬਹਾਦਰੀ ਅਤੇ ਮਹਾਨ ਬਲਿਦਾਨ ਨੂੰ ਨਮਨ ਕਰਦੇ ਹੋਏ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਪ੍ਰੋਗਰਾਮ ਦੌਰਾਨ ਪੋਸਟਰ ਮੇਕਿੰਗ ਮੁਕਾਬਲੇ, ਦੇਸ਼ਭਗਤੀ ਗੀਤ, ਫਿਲਮ ਸਕ੍ਰੀਨਿੰਗ ਅਤੇ ਪ੍ਰੇਰਣਾਦਾਇਕ ਭਾਸ਼ਣ ਕਰਵਾਏ ਗਏ, ਜਿਨ੍ਹਾਂ ਦਾ ਉਦੇਸ਼ ਕੈਡਿਟਾਂ ਵਿੱਚ ਦੇਸ਼ਭਗਤੀ, ਅਨੁਸ਼ਾਸਨ ਅਤੇ ਸੇਵਾ ਭਾਵਨਾ ਨੂੰ ਮਜ਼ਬੂਤ ਕਰਨਾ ਸੀ।



ਕੈਡਿਟਾਂ ਨੇ ਪੂਰੇ ਜੋਸ਼ ਅਤੇ ਅਨੁਸ਼ਾਸਨ ਨਾਲ ਪ੍ਰੋਗਰਾਮ ਵਿੱਚ ਭਾਗ ਲਿਆ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਦੇਸ਼ਭਗਤੀ, ਬਹਾਦਰੀ ਅਤੇ ਓਪਰੇਸ਼ਨ ਸਿੰਦੂਰ ਦੀ ਸਫਲਤਾ ਨੂੰ ਦਰਸਾਇਆ ਗਿਆ। ਭਾਸ਼ਣਾਂ ਰਾਹੀਂ ਕੈਡਿਟਾਂ ਨੇ ਦੇਸ਼ ਸੇਵਾ, ਅਨੁਸ਼ਾਸਨ ਅਤੇ ਸੈਨਿਕਾਂ ਦੇ ਬਲਿਦਾਨ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਫਿਲਮ ਸਕ੍ਰੀਨਿੰਗ ਅਤੇ ਦੇਸ਼ਭਗਤੀ ਗੀਤਾਂ ਨੇ ਸਾਰੇ ਮਾਹੌਲ ਨੂੰ ਦੇਸ਼ਭਗਤੀ ਨਾਲ ਭਰ ਦਿੱਤਾ।

ਕਮਾਂਡਿੰਗ ਅਫਸਰ 3 ਪੀਬੀ (ਜੀ) ਬੀਐਨ ਐਨਸੀਸੀ, ਲੁਧਿਆਣਾ, ਕਰਨਲ ਆਰ.ਐਸ. ਚੌਹਾਨ ਨੇ ਕੈਡਿਟਾਂ ਨੂੰ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਅਤੇ ਦੇਸ਼ਭਗਤੀ ਭਾਵਨਾ ਲਈ ਪ੍ਰੇਰਿਤ ਅਤੇ ਸਰਾਹਿਆ। ਉਨ੍ਹਾਂ ਨੇ ਕੈਡਿਟਾਂ ਨੂੰ ਅਨੁਸ਼ਾਸਨ, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਹਮੇਸ਼ਾ ਦੇਸ਼ ਸੇਵਾ ਲਈ ਤਿਆਰ ਰਹਿਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਦੇ ਪ੍ਰੇਰਣਾਦਾਇਕ ਸ਼ਬਦਾਂ ਨੇ ਕੈਡਿਟਾਂ ਵਿੱਚ ਨਵਾਂ ਜੋਸ਼ ਅਤੇ ਆਤਮ-ਵਿਸ਼ਵਾਸ ਪੈਦਾ ਕੀਤਾ।

08 ਮਈ 2026 ਨੂੰ ਆਯੋਜਿਤ ਇਸ ਪ੍ਰੋਗਰਾਮ ਵਿੱਚ ਕੁੱਲ 144 ਐਨਸੀਸੀ ਕੈਡਿਟਾਂ ਨੇ ਭਾਗ ਲਿਆ। ਇਹ ਪ੍ਰੋਗਰਾਮ ਬਹੁਤ ਹੀ ਪ੍ਰੇਰਣਾਦਾਇਕ, ਜਾਣਕਾਰੀਪੂਰਣ ਅਤੇ ਸਫਲ ਰਿਹਾ, ਜਿਸ ਨੇ ਕੈਡਿਟਾਂ ਨੂੰ ਜ਼ਿੰਮੇਵਾਰ ਨਾਗਰਿਕ ਅਤੇ ਭਵਿੱਖ ਦੇ ਚੰਗੇ ਨੇਤਾ ਬਣਨ ਲਈ ਪ੍ਰੇਰਿਤ ਕੀਤਾ।

## ਪਛਮੀ ਬੰਗਾਲ ਤੋਂ ਬਾਅਦ ਪੰਜ਼ਾਬ ਵਿੱਚ ਵੀ ਮੋਦੀ ਲਹਿਰ ਦੀ ਅਗਵਾਈ ਹੇਠ ਸਿਰਜਿਆ ਜਾਵੇਗਾ ਨਵਾਂ ਇਤਿਹਾਸ : ਪੰਜਗਰਾਈਂ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 9 ਮਈ : ਪੱਛਮੀ ਬੰਗਾਲ ਅਤੇ ਦੂਸਰੇ ਦੋ ਰਾਜਾਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਭਾਰੀ ਬਹੁਮਤ ਹੋਣ ਤੋਂ ਬਾਅਦ ਵਿਧਾਨ ਸਭਾ ਹਲਕਾ ਜੈਤੋ ਦੇ ਵੱਖ-ਵੱਖ ਪਿੰਡਾਂ ਦੇ ਵਿੱਚ ਜਸਪਾਲ ਸਿੰਘ ਪੰਜਗਰਾਈ ਮੀਤ ਪ੍ਰਧਾਨ ਪੰਜਾਬ ਭਾਰਤੀ ਜਨਤਾ ਪਾਰਟੀ ਐਸ ਸੀ ਮੋਰਚਾ ਦਾ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ” ਇਸ ਸਮੇਂ ਜਸਪਾਲ ਸਿੰਘ ਪੰਜਗਰਾਈਂ ਨੇ ਕਿਹਾ ਕਿ ਪੰਜਾਬ ਵਿੱਚ ਵੀ ਪੱਛਮੀ ਬੰਗਾਲ ਤੋਂ ਬਾਅਦ ਮੋਦੀ ਲਹਿਰ ਦੀ ਅਗਵਾਈ ਹੇਠ ਨਵਾਂ ਇਤਿਹਾਸ ਸਿਰਜਿਆ ਜਾਵੇਗਾ ਭਾਰਤੀ ਜਨਤਾ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪੂਰੇ ਦੇਸ਼ ਦੇ ਲੋਕ ਅੱਜ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਚਾਹੁੰਦੇ ਹਨ, ਜਿਸ ਕਰਕੇ ਪੱਛਮੀ ਬੰਗਾਲ ਵਿੱਚ ਮਮਤਾ ਸਰਕਾਰ ਵੱਲੋਂ ਕੀਤਾ ਜਾ ਰਿਹਾ, ਸਿੱਖਾਂ ਕਿਸਾਨਾਂ ਮਜ਼ਦੂਰਾਂ ਹਿੰਦੂਆਂ ਤੇ ਅੱਤਿਆਚਾਰ ਨੂੰ ਰੋਕਣ ਲਈ ਲੋਕਾਂ ਨੇ ਵੱਡਾ ਫਤਵਾ ਭਾਰਤੀ ਜਨਤਾ ਪਾਰਟੀ ਨੂੰ ਦਿੱਤਾ! ਉਹਨਾਂ ਕਿਹਾ ਕਿ ਪੰਜਾਬ ਵਿੱਚ ਵੀ ਉਸ ਤੋਂ ਵੀ ਮਾੜਾ ਹਾਲ ਹੈ, ਜਿਸ ਕਰਕੇ ਪੰਜਾਬ ਦੇ ਲੋਕ ਅੱਜ 2017 ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ! ਉਹਨਾਂ ਕਿਹਾ ਕਿ ਪੰਜਾਬ ਅੰਦਰ ਅੱਜ ਲੁੱਟਾਂ ਖੋਹਾਂ, ਗੁੰਡਾ ਗਰਦੀ, ਕਤਲੇਆਮ ਦੀਆਂ ਵਾਰਦਾਤਾਂ ਦਿਨ ਦਿਹਾੜੇ ਦੇਖਣ ਨੂੰ ਮਿਲਦੀਆਂ ਹਨ! ਉਹਨਾਂ ਕਿਹਾ ਕਿ ਪੰਜਾਬ ਦੇ ਲੋਕ ਅੱਜ ਅਮਨਸ਼ਾਂਤੀ ਦਾ ਰਾਜ ਦੇਖਣਾ ਚਾਹੁੰਦੇ ਹਨ! ਇਸ ਕਰਕੇ ਭਾਰਤੀ ਜਨਤਾ ਪਾਰਟੀ ਦੀ ਪੰਜਾਬ ਵਿੱਚ ਸ਼ਾਂਤੀ ਦਾ ਰਾਜ ਲਿਆ ਕੇ ਦੂਸਰੇ ਸੂਬਿਆਂ ਵਾਂਗ ਤਰੱਕੀ ਦੇ ਰਾਹ “ਤੇ ਲਿਆਂਦਾ ਜਾਵੇਗਾ! ਉਹਨਾਂ ਕਿਹਾ ਕਿ ਭਾਜਪਾ ਤੋਂ ਬਗੈਰ ਪੰਜਾਬ ਖੁਸ਼ਹਾਲ ਨਹੀਂ ਹੋ ਸਕਦਾ, ਇਸ ਕਰਕੇ ਪੰਜਾਬ ਦੇ ਹਰ ਵਰਗ ਦੇ ਲੋਕ ਅੱਜ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਮੋਦੀ ਦੀ ਅਗਵਾਈ ਵਿੱਚ ਲਿਆਉਣ ਲਈ ਦਿਨ ਰਾਤ ਉੜੀਕ ਕਰ ਰਹੇ ਹਨ! ਪੰਜਾਬ ਵਿੱਚ ਅੱਜ ਆਮ ਆਦਮੀ ਸਰਕਾਰ ਤੋਂ ਹਰ ਵਰਗ ਦੁਖੀ ਹੋਣ ਕਰਕੇ ਨਿਰਾਸ਼ਾ ਦੇ ਆਲਮ ਵਿੱਚ ਹੈ, ਜਿਸ ਕਰਕੇ ਪੰਜਾਬ ਵਿਚ ਅੱਜ ਵਿਕਾਸ ਦੇ ਨਾਂ ਦੀ ਕੋਈ ਚੀਜ਼ ਨਹੀਂ ਹੈ ਅਤੇ ਨਾ ਹੀ ਕੋਈ ਕਾਨੂੰਨ ਅਵਸਥਾ ਦੀ ਗੱਲ ਹੈ! ਇਸ ਸਮੇਂ ਉਹਨਾਂ ਨਾਲ ਬਲਵਿੰਦਰ ਸਿੰਘ ਬਰਗਾੜੀ -ਨਸੀਬ ਸਿੰਘ ਔਲਖ, ਹਰਪ੍ਰੀਤ ਸਿੰਘ ਸਿੱਧੂ, ਵਕੀਲ ਸਿੰਘ, ਗੁਰਮੀਤ ਸਿੰਘ ਰਾਮਿਆਣਾ, ਸਿੰਘ ਰਾਮੇਆਣਾ, ਸ਼ਾਮ ਲਾਲ ਗੋਇਲ, ਰਾਮ ਰਤਨ ਜੈਤੋ, ਲਖਵੀਰ ਢਿਲਵਾਂ, ਸੰਦੀਪ ਟੋਨੀ, ਰਜਿੰਦਰ ਮੱਲਾ ਅਤੇ ਗੁਰਦਿੱਤ ਸਿੰਘ ਵਾੜਾ ਭਾਈਕਾ ਆਦਿ ਵੀ ਹਾਜਰ ਸਨ!

## ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵਿਖੇ ਮਾਂ ਦਿਵਸ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ




ਕੋਟਕਪੂਰਾ, 9 ਮਈ : ਅੱਜ ਮੋਗਾ-ਕੋਟਕਪੂਰਾ ਰੋਡ ’ਤੇ ਪੰਜਗਰਾਈਂ ਕਲਾਂ ਨੇੜੇ ਸਥਿਤ ਇੰਟਰਨੈਸ਼ਨਲ ਮਿਲੇਨੀਅਮ ਸਕੂਲ ਵਿਖੇ ’ਮਾਂ ਦਿਵਸ’ ਦੇ ਮੌਕੇ ’ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਵਾਸੂ ਸ਼ਰਮਾ; ਚੇਅਰਪਰਸਨ, ਰਕਸ਼ੰਦਾ ਸ਼ਰਮਾ ਅਤੇ ਡਾਇਰੈਕਟਰ, ਸੀਮਾ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਛੋਟੇ ਵਿਦਿਆਰਥੀਆਂ ਨੇ ਆਪਣੀਆਂ ਮਾਵਾਂ ਦੇ ਨਾਲ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਸਵਾਗਤੀ ਗੀਤ ਨਾਲ ਹੋਈ, ਜਿਸ ਤੋਂ ਬਾਅਦ ਬੱਚਿਆਂ ਨੇ ਕਵਿਤਾਵਾਂ, ਨਾਚ ਪ੍ਰਦਰਸ਼ਨਾਂ ਅਤੇ ਰੰਗੀਨ ਪੇਸ਼ਕਾਰੀਆਂ ਰਾਹੀਂ ਆਪਣੀਆਂ ਮਾਵਾਂ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਮਾਵਾਂ ਲਈ ਮਨੋਰੰਜਕ ਖੇਡਾਂ ਅਤੇ ਗਤੀਵਿਧੀਆਂ ਦਾ ਵੀ ਆਯੋਜਨ ਕੀਤਾ ਗਿਆ, ਜਿਨ੍ਹਾਂ ਨੇ ਬਹੁਤ ਜੋਸ਼ ਨਾਲ ਇਨ੍ਹਾਂ ਵਿੱਚ ਹਿੱਸਾ ਲਿਆ। ਇਸ ਮੌਕੇ ’ਤੇ ਬੋਲਦਿਆਂ ਸਕੂਲ ਚੇਅਰਪਰਸਨ ਰਕਸ਼ੰਦਾ ਸ਼ਰਮਾ ਅਤੇ ਚੇਅਰਮੈਨ ਵਾਸੂ ਸ਼ਰਮਾ ਨੇ ਆਪਣੇ ਸੰਬੋਧਨਾਂ ਵਿੱਚ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕਾ ਹੁੰਦੀ ਹੈ ਅਤੇ ਜੀਵਨ ਵਿੱਚ ਉਸਦਾ ਸਥਾਨ ਸਭ ਤੋਂ ਮਹੱਤਵਪੂਰਨ ਹੁੰਦਾ ਹੈ। ਅਜਿਹੇ ਪ੍ਰੋਗਰਾਮ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਵਿਚਕਾਰ ਪਿਆਰ ਦੇ ਬੰਧਨ ਨੂੰ ਹੋਰ ਮਜ਼ਬੂਤ ਕਰਨ ਦਾ ਕੰਮ ਕਰਦੇ ਹਨ। ਪ੍ਰੋਗਰਾਮ ਦੇ ਅੰਤ ਵਿੱਚ ਸਾਰੀਆਂ ਮਾਵਾਂ ਨੂੰ ਸਤਿਕਾਰ ਵਜੋਂ ਇੱਕ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ ਅਤੇ ਉਨ੍ਹਾਂ ਨੂੰ ’ਮਾਂ ਦਿਵਸ’ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਪੂਰਾ ਮਾਹੌਲ ਖੁਸ਼ੀ, ਪਿਆਰ ਅਤੇ ਭਾਵਨਾਵਾਂ ਨਾਲ ਭਰਿਆ ਹੋਇਆ ਸੀ। ਇਸ ਮੌਕੇ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

## ਜ਼ਿਲ੍ਹਾ ਪ੍ਰਸ਼ਾਸਨ ਅਤੇ ਆਸ ਅਹਿਸਾਸ ਐਨਜੀਓ ਵੱਲੋਂ ਪੀਏਯੂ ਸਕੂਲ ਵਿੱਚ “ਬਚਪਨ ਕੀ ਆਵਾਜ਼” ਨੁੱਕੜ ਨਾਟਕ ਚੈਂਪੀਅਨਸ਼ਿਪ ਦਾ ਆਯੋਜਨ ਕੀਤਾ*

*ਜੀਐਸਐਸਐਸ ਸੋਹੀਆਂ ਸਕੂਲ ਨੇ “ਬਚਪਨ ਕੀ ਆਵਾਜ਼” ਦੀ ਚੈਂਪੀਅਨਸ਼ਿਪ ਜਿੱਤ ਕੇ 11 ਹਜ਼ਾਰ ਰੁਪਏ ਦਾ ਨਕਦ ਇਨਾਮ ਕੀਤਾ ਪ੍ਰਾਪਤ*

*ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਕਿਹਾ—ਵਿਦਿਆਰਥੀ ਬਣ ਸਕਦੇ ਹਨ ਸਮਾਜਿਕ ਤਬਦੀਲੀ ਦੇ ਰਾਜਦੂਤ*

*ਗੁਨਜੀਤ ਰੁਚੀ ਬਾਵਾ ਨੇ ਚਾਈਲਡ ਹੈਲਪਲਾਈਨ ਨੰਬਰ “1098” ਬਾਰੇ ਜਾਗਰੂਕਤਾ ਦੇ ਨਾਲ ਬਾਲ ਅਧਿਕਾਰਾਂ ਦਾ ਵੀ ਦਿੱਤਾ ਸੰਦੇਸ਼*

*ਨਸ਼ਿਆਂ ਦੇ ਖ਼ਤਰੇ ‘ਤੇ ਵਿਦਿਆਰਥੀਆਂ ਦੇ ਪ੍ਰਭਾਵਸ਼ਾਲੀ ਨੁੱਕੜ ਨਾਟਕਾਂ ਨੇ ਜਿੱਤਿਆ ਦਿਲ*

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ, 9 ਮਈ:ਨੌਜਵਾਨ ਜਾਗਰੂਕਤਾ ਅਤੇ ਸਮਾਜਿਕ ਤਬਦੀਲੀ ਵੱਲ ਇੱਕ ਮਜ਼ਬੂਤ ਕਦਮ ਵਜੋਂ, “ਬਚਪਨ ਕੀ ਆਵਾਜ਼ ਅੰਤਰ ਸਕੂਲ ਨੁੱਕੜ ਨਾਟਕ ਚੈਂਪੀਅਨਸ਼ਿਪ” ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਅਤੇ ਐਨਜੀਓ ਆਸ ਅਹਿਸਾਸ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਜੀਐਸਐਸਐਸ), ਪੀਏਯੂ, ਲੁਧਿਆਣਾ ਵਿਖੇ ਆਯੋਜਿਤ ਕੀਤੀ ਗਈ।

“ਯੁੱਧ ਨਸ਼ਿਆ ਵਿਰੁੱਧ” ਥੀਮ ਵਾਲੇ ਇਸ ਸਮਾਗਮ ਵਿੱਚ 10 ਸਕੂਲਾਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ ਜਿਸ ਵਿੱਚ ਸਮਾਜ ‘ਤੇ ਨਸ਼ਿਆਂ ਦੀ ਦੁਰਵਰਤੋਂ ਦੇ ਪ੍ਰਭਾਵ ਨੂੰ ਉਜਾਗਰ ਕਰਨ ਲਈ ਨੌਜਵਾਨ ਆਵਾਜ਼ਾਂ ਨੂੰ ਇਕੱਠਾ ਕੀਤਾ ਗਿਆ।




ਇਸ ਸਮਾਗਮ ਵਿੱਚ ਪੰਜਾਬ ਬਾਲ ਅਧਿਕਾਰ ਕਮਿਸ਼ਨ ਦੀ ਵਾਈਸ ਚੇਅਰਪਰਸਨ ਗੁਨਜੀਤ ਰੁਚੀ ਬਾਵਾ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ, ਅਦਾਕਾਰਾ ਅਤੇ ਗਾਇਕਾ ਮੈਂਡੀ ਸੰਧੂ, ਡੀਈਓ ਡਿੰਪਲ ਮਦਾਨ ਸ਼ਾਮਲ ਸਨ। ਪੀਏਯੂ ਸਕੂਲ ਦੇ ਪ੍ਰਿੰਸੀਪਲ ਡਾ. ਪਰਦੀਪ ਕੁਮਾਰ ਵੀ ਆਪਣੇ ਸਟਾਫ਼ ਅਤੇ ਵਿਦਿਆਰਥੀਆਂ ਨਾਲ ਮੌਜੂਦ ਸਨ।

ਇਕੱਠ ਨੂੰ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ, ਇਹ ਕਹਿੰਦੇ ਹੋਏ ਕਿ ਅਜਿਹੇ ਪਲੇਟਫਾਰਮ ਵਿਦਿਆਰਥੀਆਂ ਨੂੰ ਬਦਲਾਅ ਦੇ ਰਾਜਦੂਤ ਬਣਨ ਅਤੇ ਜ਼ਮੀਨੀ ਪੱਧਰ ‘ਤੇ ਜਾਗਰੂਕਤਾ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਲਈ ਸ਼ਕਤੀ ਪ੍ਰਦਾਨ ਕਰਦੇ ਹਨ। ਸ਼੍ਰੀਮਤੀ ਗੁਨਜੀਤ ਰੁਚੀ ਬਾਵਾ ਨੇ ਵਿਦਿਆਰਥੀਆਂ ਅਤੇ ਮਾਪਿਆਂ ਨਾਲ ਗੱਲਬਾਤ ਕਰਦੇ ਹੋਏ ਬਾਲ ਅਧਿਕਾਰ ਜਾਗਰੂਕਤਾ ਦੀ ਮਹੱਤਤਾ ‘ਤੇ ਚਾਨਣਾ ਪਾਇਆ ਅਤੇ ਬੱਚਿਆਂ ਨੂੰ ਸਮਾਜਿਕ ਬੁਰਾਈਆਂ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਚਾਈਲਡ ਹੈਲਪਲਾਈਨ ਨੰਬਰ 1098 ਦੀ ਮਹੱਤਤਾ ‘ਤੇ ਵੀ ਜ਼ੋਰ ਦਿੱਤਾ ਅਤੇ ਕਿਹਾ ਕਿ ਹਰ ਬੱਚਾ ਵਧਣ-ਫੁੱਲਣ ਲਈ ਇੱਕ ਸੁਰੱਖਿਅਤ, ਜਾਗਰੂਕ ਅਤੇ ਸਹਾਇਕ ਵਾਤਾਵਰਣ ਦਾ ਹੱਕਦਾਰ ਹੈ।

ਮੁਕਾਬਲੇ ਵਿੱਚ ਪ੍ਰਭਾਵਸ਼ਾਲੀ ਸਟ੍ਰੀਟ ਸ਼ੈਲੀ ਦੇ ਪ੍ਰਦਰਸ਼ਨਾਂ ਦਾ ਨਿਰਣਾ ਕੀਤਾ ਗਿਆ ਜਿਨ੍ਹਾਂ ਵਿੱਚ ਜੀਐਚਐਸ ਖੇੜੀ ਝਮੇਰੀ ਤੋਂ ਪੰਜਾਬੀ ਮਾਸਟਰ ਕਰਮਜੀਤ ਸਿੰਘ ਗਰੇਵਾਲ, ਐਸਓਈ ਮਾਡਲ ਟਾਊਨ ਤੋਂ ਪੰਜਾਬੀ ਮਾਸਟਰ ਸੁਪਰਜੀਤ ਕੌਰ ਅਤੇ ਬਲਾਕ ਰਿਸੋਰਸ ਕੋਆਰਡੀਨੇਟਰ ਲੁਧਿਆਣਾ-2 ਤੋਂ ਵਰਿੰਦਰ ਕੁਮਾਰ ਸ਼ਾਮਲ ਸਨ। ਟੀਮਾਂ ਦਾ ਮੁਲਾਂਕਣ ਥੀਮ ਸਾਰਥਕਤਾ, ਰਚਨਾਤਮਕਤਾ, ਪ੍ਰਗਟਾਵੇ ਅਤੇ ਸਮੁੱਚੇ ਪ੍ਰਭਾਵ ਦੇ ਆਧਾਰ ‘ਤੇ ਕੀਤਾ ਗਿਆ।

ਚੈਂਪੀਅਨ ਟਰਾਫੀ ਜੀ.ਐਸ.ਐਸ.ਐਸ ਸੋਹੀਆਂ ਨੂੰ 11,000 ਰੁਪਏ ਦੇ ਨਕਦ ਇਨਾਮ ਦੇ ਨਾਲ ਜਿੱਤੀ ਗਈ ਜਦੋਂ ਕਿ ਪਹਿਲੇ ਰਨਰ ਅੱਪ ਟਰਾਫੀ ਜੀ.ਐਸ.ਐਸ.ਐਸ ਢਾਕਾ ਬੁਆਏਜ਼ ਨੂੰ 5,100 ਰੁਪਏ ਦੇ ਨਾਲ ਸਨਮਾਨਿਤ ਕੀਤਾ ਗਿਆ। ਦੂਜੇ ਰਨਰ ਅੱਪ ਟਰਾਫੀ ਜੀ.ਐਸ.ਐਸ.ਐਸ ਟਾਹਲੀ ਸਾਹਿਬ ਨੇ 3,100 ਰੁਪਏ ਦੇ ਨਕਦ ਇਨਾਮ ਦੇ ਨਾਲ ਜਿੱਤੀ ਅਤੇ ਜੀ.ਐਸ.ਐਸ.ਐਸ ਸੋਹੀਆਂ ਵੱਲੋਂ 2,100 ਰੁਪਏ ਦੇ ਨਾਲ ਸਰਵੋਤਮ ਪ੍ਰਦਰਸ਼ਨ ਕਰਨ ਵਾਲੀ ਟਰਾਫੀ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਦਾ ਸੰਚਾਲਨ ਰਮਾ ਖੰਨਾ ਅਤੇ ਹਰਪ੍ਰੀਤ ਕੌਰ ਨੇ ਕੀਤਾ।

ਇਹ ਪ੍ਰੋਗਰਾਮ ਨਸ਼ਾ ਮੁਕਤ ਅਤੇ ਜਾਗਰੂਕ ਸਮਾਜ ਦੀ ਉਸਾਰੀ ਪ੍ਰਤੀ ਸਮੂਹਿਕ ਜ਼ਿੰਮੇਵਾਰੀ ਦੇ ਇੱਕ ਮਜ਼ਬੂਤ ਸੰਦੇਸ਼ ਨਾਲ ਸਮਾਪਤ ਹੋਇਆ, ਜਿਸ ਵਿੱਚ ਵਿਦਿਆਰਥੀ ਤਬਦੀਲੀ ਦੇ ਸ਼ਕਤੀਸ਼ਾਲੀ ਉਤਪ੍ਰੇਰਕ ਵਜੋਂ ਉੱਭਰ ਰਹੇ ਸਨ।

## ਅਕਾਲ ਕਾਲਜ ਕੌਂਸਲ ਗੁਰਸਾਗਰ ਮਸਤੂਆਣਾ ਸਾਹਿਬ ਵਿਖੇ ਮੈਡੀਕਲ ਕਾਲਜ ਦਾ ਜਲਦ ਰੱਖਿਆ ਜਾਵੇਗਾ ਨੀਂਹ ਪੱਥਰ:- ਸੀਐਮ ਭਗਵੰਤ ਸਿੰਘ ਮਾਨ

ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਦੀਆਂ ਰਹਿੰਦੀਆਂ ਮੰਗਾਂ ਸੰਬੰਧੀ ਸੌਂਪਿਆ ਮੰਗ ਪੱਤਰ:- ਸ ਜਸਵੰਤ ਸਿੰਘ ਖਹਿਰਾ ਸਕੱਤਰ, ਅਕਾਲ ਕਾਲਜ ਕੌਂਸਲ।

ਵਰਲਡ ਪੰਜਾਬੀ ਟਾਈਮਜ਼



ਸ੍ਰੀ ਦਮਦਮਾ ਸਾਹਿਬ 9 ਮਈ : ਤਖਤ ਸ੍ਰੀ ਦਮਦਮਾ ਸਾਹਿਬ ਤੋਂ ਸ਼ੁਰੂ ਹੋਈ ਸ਼ੁਕਰਾਨਾ ਯਾਤਰਾ ਗੁਰਦੁਆਰਾ ਮਸਤੂਆਣਾ ਸਾਹਿਬ ਵਿੱਚ ਦੇਰ ਸ਼ਾਮ ਪੁੱਜੀ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਿੱਥੇ ਗੁਰਦੁਆਰਾ ਸੱਚਖੰਡ ਅੰਗੀਠਾ ਸਾਹਿਬ ਅਤੇ ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ ਵਿਖੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ , ਉਥੇ ਹੀ ਉਹਨਾਂ ਗੁਰਬਾਣੀ ਕੀਰਤਨ ਵੀ ਸੁਣਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕਾਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਬਰਿੰਦਰ ਗੋਇਲ ਨੂੰ ਸ੍ਰੀ ਸਾਹਿਬ ਅਤੇ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਬਾਬਾ ਸੁਖਦੇਵ ਸਿੰਘ, ਕੌਂਸਲ ਦੇ ਸਕੱਤਰ



ਸਰਦਾਰ ਜਸਵੰਤ ਸਿੰਘ ਖਹਿਰਾ ,ਜਥੇਦਾਰ ਬਲਦੇਵ ਸਿੰਘ ਭੰਮਾਵੱਦੀ , ਗੁਰਜੰਟ ਸਿੰਘ ਦੁੱਗਾ,ਸ ਸਿਆਸਤ ਸਿੰਘ ਗਿੱਲ, ਮਨਜੀਤ ਸਿੰਘ ਬਾਲੀਆ ,ਹਰਿੰਦਰਵੀਰ ਸਿੰਘ ਕਾਕਾ ਫਤਿਹਗੜ੍ਹ , ਮੈਨੇਜਰ ਸ ਜਸਵੀਰ ਸਿੰਘ ਗਿੱਦੜਬਾਹਾ,ਮੀਤ ਗ੍ਰੰਥੀ ਭਾਈ ਗੁਰਮੇਲ ਸਿੰਘ, ਸਰਪੰਚ ਰਣਦੀਪ ਸਿੰਘ ਮਿੰਟੂ ਬਡਰੁੱਖਾਂ ਸਮੇਤ ਵੱਖ-ਵੱਖ ਸੰਸਥਾਵਾਂ ਦੇ ਪ੍ਰਿੰਸੀਪਲਜ਼ ਅਤੇ ਸਮੂਹ ਸਟਾਫ਼ ਮੈਂਬਰ ਮੌਜੂਦ ਸਨ। ਖੁੱਲੇ ਪੰਡਾਲ ਵਿੱਚ ਮੁੱਖ ਮੰਤਰੀ ਨੇ ਅਕਾਲੀ ਕਾਂਗਰਸੀਆਂ ਨੂੰ ਕਰੜੇ ਹੱਥੀ ਲੈਂਦਿਆਂ ਦੋਸ਼ ਲਾਇਆ ਕਿ ਨੀਤ ਖੋਟੀ ਹੋਣ ਕਰਕੇ ਉਹਨਾਂ ਬੇਅਦਬੀ ਰੋਕੂ ਕਾਨੂੰਨ ਨਹੀਂ ਬਣਾਇਆ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਸਤੂਆਣਾ ਸਾਹਿਬ ਵਿਖੇ ਸੰਤ ਅਤਰ ਸਿੰਘ ਜੀ ਦੇ ਨਾਂ ਤੇ ਜਲਦੀ ਹੀ ਮੈਡੀਕਲ ਬਣਾਇਆ ਜਾਵੇਗਾ। ਇਸ ਮੌਕੇ ਸ ਜਸਵੰਤ ਸਿੰਘ ਖਹਿਰਾ ਜੀ ਅਗਵਾਈ ਹੇਠ ਰੂਪ ਸਿੰਘ ਸੇ੍ਰੋ ਅਤੇ ਸ਼ਹੀਦ ਕਿਸਾਨ ਅਤੇ ਮਜ਼ਦੂਰ ਪਰਿਵਾਰ ਕਮੇਟੀ ਵੱਲੋਂ ਪੰਜਾਬ ਵਿੱਚ ਸ਼ਹੀਦ ਹੋਏ ਕਿਸਾਨਾਂ ਦੇ ਪਰਿਵਾਰਾਂ ਦੀਆਂ ਰਹਿੰਦੀਆਂ ਮੰਗਾਂ ਸੰਬੰਧੀ ਸੀਐਮ ਸਾਹਿਬ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ।